# ਦਫਤਰ ਜਿਲ੍ਹਾ ਮੈਜਿਸਟਰੇਟ, ਪਠਾਨਕੋਟ

(ਫੁਟਕਲ ਸ਼ਾਖਾ)

ਹੁਕਮ ਨੰ: 2535

## ਹੁਕਮ

ਜਦੋਂ ਕਿ ਇਸ ਦਫਤਰ ਵਲੋਂ ਆਪਣੇ ਹੁਕਮ ਪਿੱਠ ਅੰਕਣ ਨੰ: ਡੀ.ਆਰ.ਏ (ਟੀ)/853-70, ਮਿਤੀ 14.04.2020 ਰਾਹੀਂ ਕੋਵਿਡ-19 (ਕੋਰੋਨਾ ਵਾਇਰਸ) ਦੇ ਮਾਰੂ/ਜਾਨਲੇਵਾ ਪ੍ਰਭਾਵ ਨੂੰ ਦੇਖਦੇ ਹੋਏ ਪੰਜਾਬ ਸਰਕਾਰ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਵਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਮੁਤਾਬਿਕ ਖੇਤਾਂ ਵਿੱਚ ਕਣਕ ਦੀ ਕਟਾਈ ਲਈ ਕੰਬਾਇਨ ਚਲਾਉਣ ਲਈ ਸਵੇਰੇ 06:00 ਵਜੇ ਤੋਂ ਸ਼ਾਮ 07:00 ਵਜੇ ਤੱਕ ਦਾ ਸਮਾਂ ਨਿਸ਼ਚਿਤ ਕੀਤਾ ਗਿਆ ਸੀ।

ਹੁਣ ਇਸ ਸਬੰਧੀ ਪੰਜਾਬ ਸਰਕਾਰ, ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਪੰਜਾਬ ਵਲੋਂ ਆਪਣੇ ਮੀਮੋ ਨੰ: Spl.Secy/ACS-II/310(D), ਮਿਤੀ 17.04.2020 ਰਾਹੀਂ ਜਾਰੀ ਹੋਏ ਦਿਸ਼ਾ-ਨਿਰਦੇਸ਼ਾਂ ਮੁਤਾਬਿਕ ਜਿਲ੍ਹਾ ਪਠਾਨਕੋਟ ਦੀ ਹਦੂਦ ਅੰਦਰ ਖੇਤਾਂ ਵਿੱਚ ਕਣਕ ਦੀ ਕਟਾਈ ਲਈ ਕੰਬਾਇਨ ਚਲਾਉਣ ਲਈ **ਸਵੇਰੇ 07:00 ਵਜੇ ਤੋਂ ਸ਼ਾਮ 08:00 ਵਜੇ ਤੱਕ** ਦਾ ਸਮਾਂ ਨਿਸ਼ਚਿਤ ਕੀਤਾ ਜਾਂਦਾ ਹੈ।

ਇਸ ਸਬੰਧੀ ਮੁੱਖ ਖੇਤੀਬਾੜੀ ਅਫਸਰ, ਪਠਾਨਕੋਟ ਨੂੰ ਨੋਡਲ ਅਫਸਰ ਨਿਯੁਕਤ ਕਰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਕੋਵਿਡ-19 ਦੀਆਂ ਹਦਾਇਤਾਂ ਨੂੰ ਮੁੱਖ ਰੱਖਦੇ ਹੋਏ Social Distancing, Mask, Sanitization ਆਦਿ ਦਾ ਪੂਰਾ-ਪੂਰਾ ਪਾਲਣਾ ਕਰਨਾ ਯਕੀਨੀ ਬਣਾਉਣਗੇ।

ਇਹ ਹੁਕਮ ਤੁਰੰਤ ਲਾਗੂ ਹੋਣਗੇ।

ਮਿਤੀ: 19/04/2020

(ਗੁਰਪ੍ਰੀਤ ਸਿੰਘ ਖਹਿਰਾ), ਆਈ.ਏ.ਐਸ
ਜਿਲ੍ਹਾ ਮੈਜਿਸਟਰੇਟ, ਪਠਾਨਕੋਟ।

ਪਿੱਠ ਅੰਕਣ ਨੰ:ਐਮ.ਏ/ 2536-50 ਮਿਤੀ: 19/04/2020

ਇਸ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1) ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ
2) ਪ੍ਰਮੁੱਖ ਸਕੱਤਰ, ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਪੰਜਾਬ, ਚੰਡੀਗੜ੍ਹ।
3) ਕਮਿਸ਼ਨਰ, ਜਲੰਧਰ ਮੰਡਲ, ਜਲੰਧਰ।
4) ਕਮਿਸ਼ਨਰ, ਨਗਰ ਨਿਗਮ, ਪਠਾਨਕੋਟ।
5) ਸੀਨੀਅਰ ਪੁਲਿਸ ਕਪਤਾਨ, ਪਠਾਨਕੋਟ।
6) ਵਧੀਕ ਡਿਪਟੀ ਕਮਿਸ਼ਨਰ (ਜ/ਵਿਕਾਸ), ਪਠਾਨਕੋਟ।
7) ਉਪ ਮੰਡਲ ਮੈਜਿਸਟਰੇਟ, ਪਠਾਨਕੋਟ/ਧਾਰਕਲ੍ਹਾਂ।

8) ਵਣ ਮੰਡਲ ਅਫਸਰ, ਪਠਾਨਕੋਟ।

9) ਜਿਲ੍ਹਾ ਮਾਲ ਅਫਸਰ, ਪਠਾਨਕੋਟ।

10) ਜਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਪਠਾਨਕੋਟ।

11) ਮੁੱਖ ਖੇਤੀਬਾੜੀ ਅਫਸਰ, ਪਠਾਨਕੋਟ।

12) ਜਿਲ੍ਹਾ ਲੋਕ ਸੰਪਰਕ ਅਫਸਰ, ਪਠਾਨਕੋਟ।

(ਗੁਰਪ੍ਰੀਤ ਸਿੰਘ ਖਹਿਰਾ), ਆਈ.ਏ.ਐਸ
ਜਿਲ੍ਹਾ ਮੈਜਿਸਟਰੇਟ, ਪਠਾਨਕੋਟ।

DISTRICT MAGISTRATE PATHANKOT
सत्यमेव जयते